# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ

## ਪ੍ਰੈਸ ਨੋਟ

# ਮਾਂਉੂਟ ਐਵੀਨਿਊ ਵਿਖੇ 50 ਲੱਖ ਰੁਪਏ ਦੀ ਲਾਗਤ ਨਾਲ ਬਣੀ ਸੜਕ ਦਾ ਤਿਕਸ਼ਨ ਸੂਦ ਨੇ ਕੀਤਾ ਲੋਕਾਅਰਪਨ

# 30 ਲੱਖ ਰੁਪਏ ਦੀ ਲਾਗਤ ਨਾਲ ਬਨਣ ਵਾਲੇ 4 ਪਾਰਕਾਂ ਦੇ ਕੰਮ ਦੀ ਕੀਤੀ ਸੁਰੂਆਤ

# 15.67 ਲੱਖ ਰੁਪਏ ਦੀ ਲਾਗਤ ਨਾਲ ਬਨਣ ਵਾਲੀਆਂ ਗਲੀਆਂ ਦੇ ਕੰਮ ਦੀ ਕੀਤੀ ਸੁਰੂਆਤ

ਹੁਸ਼ਿਆਰਪੁਰ 27 ਦਸਬੰਰ ਮੁੱਖ ਮੰਤਰੀ ਪੰਜਾਬ ਦੇ ਰਾਜਨੀਤਿਕ ਸਲਾਹਕਾਰ ਸ੍ਰੀ ਤਿਕਸ਼ਨ ਸੂਦ ਨੇ ਵਾਰਡ ਨੰ: 28 ਦੇ ਮਾਂਉੂਟ ਐਵੀਨਿਊ ਵਿਖੇ 50 ਲੱਖ ਰੁਪਏ ਦੀ ਲਾਗਤ ਨਾਲ ਬਣੀ 40 ਫੁੱਟ ਚੋੜੀ ਪੱਕੀ ਸੜਕ ਦਾ ਲੋਕਾਅਰਪਨ ਕੀਤਾ ਇਸ ਮੌਕੇ ਤੇ ਉਹਨਾਂ ਨੇ 30 ਲੱਖ ਰੁਪਏ ਦੀ ਲਾਗਤ ਨਾਲ ਬਨਣ ਵਾਲੇ 4 ਪਾਰਕ ਅਤੇ 15.67 ਲੱਖ ਰੁਪਏ ਦੀ ਲਾਗਤ ਨਾਲ ਬਨਣ ਵਾਲੀਆਂ ਗਲੀਆਂ ਦੇ ਕੰਮ ਦੀ ਸੁਰੂਆਤ ਵੀ ਕੀਤੀ ਇਸ ਮੌਕੇ ਮਾਂਉੂਟ ਐਵੀਨਿਊ ਦੀ ਨਿਵਾਸੀਆਂ ਵੱਲੋਂ ਆਯੋਜਿਤ ਕੀਤੇ ਗਏ ਸਨਮਾਨ ਸਮਾਰੋਹ ਨੂੰ ਸੰਬੋਧਨ ਕਰਦਿਆਂ ਤਿਕਸ਼ਨ ਸੂਦ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸਰਦਾਰ ਪ੍ਰਕਾਸ਼ ਸਿੰਘ ਬਾਦਲ ਵੱਲੋਂ ਕੀਤੇ ਗਏ ਸੰਗਤ ਦਰਸ਼ਨ ਦੌਰਾਨ ਵੱਖ ਵੱਖ ਵਾਰਡਾਂ ਨੂੰ ਵਿਕਾਸ ਕਾਰਜਾਂ ਲਈ ਫੰਡ ਜਾਰੀ ਕੀਤੇ ਗਏ ਹਨ ਜਿਸ ਨਾਲ ਇਸ ਵਾਰਡ ਵਿੱਚ ਵੀ 4 ਪਾਰਕਾਂ ਅਤੇ ਪੱਕੀਆਂ ਗਲੀਆਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਉਹਨਾਂ ਦੱਸਿਆ ਕਿ ਨਗਰ ਨਿਗਮ ਦੇ ਸਾਰੇ ਵਾਰਡਾਂ ਵਿੱਚ ਕੌਂਸਲਰਾਂ ਦੀ ਮੰਗ ਅਨੁਸਾਰ ਸਰੱਬ ਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ ਇਸ ਵਿੱਚ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

ਨਗਰ ਨਿਗਮ ਦੇ ਮੇਅਰ ਸ਼ਿਵ ਸੂਦ, ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ, ਜਗਤਾਰ ਸਿੰਘ ਸੈਣੀ, ਕੌਂਸਲਰ ਬਲਵਿੰਦਰ ਬਿੰਦੀ, ਬਰਜਿੰਦਰ ਪਾਲ ਸਿੰਘ ਨੇ ਵੀ ਅਕਾਲੀ ਭਾਜਪਾ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਸਬੰਧੀ ਜਾਣਕਾਰੀ ਦਿੱਤੀ। ਵਾਰਡ ਨੰ: 28 ਦੇ ਕੌਂਸਲਰ ਸੰਤੋਖ ਸਿੰਘ ਔਜਲਾ ਨੇ ਮੁੱਖ ਮਹਿਮਾਨ ਅਤੇ ਆਏ ਪੰਤਵੰਤਿਆਂ ਦਾ ਧੰਨਵਾਦ ਕੀਤਾ। ਕਾਰਜਕਾਰੀ ਇੰਜੀਨੀਅਰ ਸਤੀਸ਼ ਸੈਣੀ, ਐਸ.ਡੀ.ਓ ਕੁਲਦੀਪ ਸਿੰਘ, ਹਰਪ੍ਰੀਤ ਸਿੰਘ, ਜੇ.ਈ. ਲਵਦੀਪ ਸਿੰਘ, ਰਾਮਦੇਵ ਯਾਦਵ, ਅਮਰਜੀਤ ਹਮਰੋਲ, ਜ਼ੋਗਿੰਦਰ ਸਿੰਘ, ਪਾਲ ਸਿੰਘ, ਨਿਰੰਜਣ ਸਿੰਘ, ਰਣਜੀਤ ਸਿੰਘ ਰਾਣਾ, ਰਮੇਸ਼ ਕੁਮਾਰ, ਸੋਹਣ ਸਿੰਘ ਅਤੇ ਮਾਂਉੂਟ ਐਵੀਨਿਊ ਦੇ ਨਿਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।